**ਦਫਤਰ ਜਿਲਾ ਸਿੱਖਿਆ ਅਫਸਰ(ਸੈ:ਸਿ:) ਅੰਮ੍ਰਿਤਸਰ।**

ਵੱਲ,

ਸਮੂਹ ਪ੍ਰਿੰਸੀਪਲ/ਮੁੱਖਅਧਿਆਪਕ,
ਸਸਸਸ/ਸਹਸ/ਸਮਿਸ,
ਜਿਲਾ ਅੰਮ੍ਰਿਤਸਰ।

ਪੱਤਰ ਨੰ: ਜੀ-4/2017- 880
ਮਿਤੀ ਅੰਮ੍ਰਿਤਸਰ: 8/8/17

**ਵਿਸ਼ਾ:** **ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਸਰਕਾਰ ਦੁਆਰਾ ਮੀਟਿੰਗ ਮਿਤੀ 3-8-17 ਨੂੰ ਨੈਸ਼ਨਲ ਵੈਕਟਰ ਬੋਰਨ ਡਸੀਜ ਕੰਟਰੋਲ ਪ੍ਰੋਗਰਾਮ ਅਧੀਨ ਸਟੇਟ ਟਾਸਕ ਫੋਰਸ ਦੀ ਮੀਟਿੰਗ ਦੌਰਾਨ ਜਾਰੀ ਕੀਤੇ ਨਿਰਦੇਸ਼ਾਂ ਦੀ ਪਾਲਣਾ ਕਰਨ ਸਬੰਧੀ।**

ਉਪਰੋਕਤ ਵਿਸ਼ੇ ਦੇ ਸਬੰਧ ਵਿਚ ਸਮੂਹ ਸਕੂਲ ਮੁਖੀਆਂ ਨੂੰ ਲਿਖਿਆ ਜਾਂਦਾ ਹੈ ਕਿ ਮਾਨਯੋਗ ਸ੍ਰੀ ਬ੍ਰਹਮ ਮਹਿੰਦਰਾ ਜੀ ਸਿਹਤ ਮੰਤਰੀ ਅਤੇ ਪਰਿਵਾਰ ਭਲਾਈ ਪੰਜਾਬ ਜੀ ਵਲੋਂ ਨਿਰਣਾ ਲਿਆ ਗਿਆ ਹੈ ਕਿ ਬਿਮਾਰੀਆਂ ਦੀ ਰੋਕਥਾਮ ਲਈ ਸਾਰੇ ਪਿੰਡਾਂ ਵਿਚ ਇੱਕ ਜਾਗਰੂਕਤਾ ਮੁਹਿੰਮ ਚਲਾਉਣ ਦੇ ਆਦੇਸ਼ ਦਿੱਤੇ ਗਏ ਹਨ। ਪਿੰਡ ਪੱਧਰ ਤੇ ਇਸ ਮੁਹਿੰਮ ਵਿਚ ਸਮੂਹ ਵਿਭਾਗਾਂ ਨੂੰ ਸ਼ਾਮਿਲ ਕਰਨ ਦੇ ਆਦੇਸ਼ ਦਿੱਤੇ ਗਏ ਹਨ । ਇਸ ਸਬੰਧ ਵਿਚ ਸਮੂਹ ਸਕੂਲ ਮੁਖੀਆਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਸਬੰਧ ਵਿਚ ਵਿਦਿਆਰਥੀਆਂ ਨੂੰ ਬਿਮਾਰੀਆਂ ਤੋਂ ਬਚਾਉਣ ਲਈ ਸਵੇਰ ਦੀ ਸਭਾ ਵਿਚ ਵਿਦਿਆਰਥੀਆਂ ਨੂੰ ਇਸ ਸਬੰਧੀ ਪੂਰਨ ਜਾਣਕਾਰੀ ਦਿੱਤੀ ਜਾਵੇ ਜਿਵੇਂ ਕਿ ਸਫਾਈ ਮੁਹਿੰਮ ,ਟੁੱਟੀਆਂ ਬੋਤਲਾਂ ,ਗਮਲੇ,ਘੜੇ ,ਫਟੇ ਪੁਰਾਣੇ ਟਾਇਰ ਆਦਿ ਦਾ ਸਹੀ ਢੰਗ ਨਾਲ ਰੱਖ ਰਖਾਵ ਕਰਨਾ ਇਹਨਾਂ ਵਿਚ ਪਾਣੀ ਨਾ ਖੜਾ ਹੋਣ ਦਿੱਤਾ ਜਾਵੇ ਤਾਂ ਜੋ ਮੱਛਰ ਪੈਦਾ ਨਾ ਹੋ ਸਕੇ।ਰਾਤ ਨੂੰ ਸੌਂਦੇ ਸਮੇਂ ਪੂਰੀ ਬਾਂਹ ਦੇ ਕੱਪੜੇ ਪਹਿਨਣਾ ਅਤੇ ਮੱਛਰ ਮਾਰ ਕਰੀਮਾਂ ਦਾ ਇਸਤੇਮਾਲ ਕੀਤਾ ਜਾਵੇ ਅਤੇ ਹਰ ਸ਼ੁਕਰਵਾਰ ਨੂੰ ਕੂਲਰਾਂ ਵਿਚੋਂ ਪਾਣੀ ਕੱਢ ਕਿ ਡਰਾਈ ਡੇ ਮਨਾਉਣ ਸਬੰਧੀ ਕਾਰਵਾਈ/ਜਾਗਰੂਕਤਾ ਕਰਨ ਲੋੜ ਤੇ ਜੋਰ ਦਿੱਤਾ ਜਾਵੇ ਕੀਤੀ ਗਈ ਕਾਰਵਾਈ ਦੀਆਂ ਰਿਪੋਰਟਾਂ ਅਤੇ ਫੋਟੋ ett.rdp.pb@gmail.com ਤੇ ਭੇਜੇ ਜਾਣ।

8/8/17
ਜਿਲਾ ਸਿੱਖਿਆ ਅਫਸਰ(ਸੈ:ਸਿ:)
ਅੰਮ੍ਰਿਤਸਰ।
ਪ੍ਰ: ਕੋਡ 8/8/17